ਧਨਾਸਰੀ ਮਹਲਾ ੪ ॥ ਗੁਨ ਕਹੁ ਹਰਿ ਲਹੁ ਕਰਿ ਸੇਵਾ ਸਤਿਗੁਰ ਇਵ ਹਰਿ ਹਰਿ ਨਾਮੁ ਧਿਆਈ ॥ ਹਰਿ ਦਰਗਹ ਭਾਵਹਿ ਫਿਰਿ ਜਨਮਿ ਨ ਆਵਹਿ ਹਰਿ ਹਰਿ ਹਰਿ ਜੋਤਿ ਸਮਾਈ ॥ ੧॥ ਜਪਿ ਮਨ ਨਾਮੁ ਹਰੀ ਹੋਹਿ ਸਰਬ ਸੁਖੀ ॥ ਹਰਿ ਜਸੁ ਊਚ ਸਭਨਾ ਤੇ ਊਪਰਿ ਹਰਿ ਹਰਿ ਹਰਿ ਸੇਵਿ ਛਡਾਈ ॥ ਰਹਾਉ ॥ ਹਰਿ ਕ੍ਰਿਪਾ ਨਿਧਿ ਕੀਨੀ ਗੁਰਿ ਭਗਤਿ ਹਰਿ ਦੀਨੀ ਤਬ ਹਰਿ ਸਿਉ ਪ੍ਰੀਤਿ ਬਨਿ ਆਈ ॥ ਬਹੁ ਚਿੰਤ ਵਿਸਾਰੀ ਹਰਿ ਨਾਮੁ ਉਰਿ ਧਾਰੀ ਨਾਨਕ ਹਰਿ ਭਏ ਹੈ ਸਖਾਈ ॥੨॥੨॥੮॥ {ਪੰਨਾ 669}

ਪਦਅਰਥ:- ਗੁਨ—ਪਰਮਾਤਮਾ ਦੇ ਗੁਣ। ਕਹੁ—ਯਾਦ ਕਰਿਆ ਕਰ। ਲਹੁ—ਲੱਭ, ਮਿਲਣ ਦਾ ਜਤਨ ਕਰਦਾ ਰਹੁ। ਇਵ—ਇਸ ਤਰ੍ਹਾਂ। ਧਿਆਈ—ਧਿਆਈਂ; ਤੂੰ ਸਿਮਰਦਾ ਰਹੁ। ਭਾਵਹਿ—ਤੂੰ ਚੰਗਾ ਲੱਗੇਂਗਾ। ਨ ਆਵਹਿ—ਤੂੰ ਨਹੀਂ ਆਵੇਂਗਾ। ਸਮਾਈ—ਲੀਨਤਾ।1।

ਮਨ—ਹੇ ਮਨ! ਹੋਹਿ—ਤੂੰ ਹੋਵੇਂਗਾ। ਤੇ—ਤੋਂ। ਸੇਵਿ—ਸੇਵਾ-ਭਗਤੀ ਕਰ। ਰਹਾਉ।

ਕ੍ਰਿਪਾ ਨਿਧਿ—ਕਿਰਪਾ ਦਾ ਖ਼ਜ਼ਾਨਾ ਪ੍ਰਭੂ। ਗੁਰਿ—ਗੁਰੂ ਨੇ। ਸਿਉ—ਨਾਲ। ਵਿਸਾਰਿ—ਭੁਲਾ ਦਿੱਤੀ। ਉਰਿ—ਹਿਰਦੇ ਵਿਚ। ਸਖਾਈ—ਮਿੱਤਰ, ਸਾਥੀ।2।

ਅਰਥ:- ਹੇ (ਮੇਰੇ) ਮਨ! ਪਰਮਾਤਮਾ ਦਾ ਨਾਮ ਜਪਿਆ ਕਰ, ਤੂੰ ਹਰ ਥਾਂ ਸੁਖੀ ਰਹੇਂਗਾ। ਪਰਮਾਤਮਾ ਦੀ ਸਿਫ਼ਤਿ-ਸਾਲਾਹ ਬੜਾ ਸ੍ਰੇਸ਼ਟ ਕੰਮ ਹੈ, ਹੋਰ ਸਭ ਕੰਮਾਂ ਨਾਲੋਂ ਵਧੀਆ ਕੰੰਮ ਹੈ। ਪਰਮਾਤਮਾ ਦੀ ਸੇਵਾ-ਭਗਤੀ ਕਰਦਾ ਰਹੁ, (ਇਹ ਸੇਵਾ-ਭਗਤੀ ਸਭ ਦੁੱਖਾਂ ਵਿਕਾਰਾਂ ਤੋਂ) ਬਚਾ ਲੈਂਦੀ ਹੈ। ਰਹਾਉ।

ਹੇ ਭਾਈ! ਪਰਮਾਤਮਾ ਦੇ ਗੁਣ ਯਾਦ ਕਰਿਆ ਕਰ। (ਇਸ ਤਰ੍ਹਾਂ) ਪਰਮਾਤਮਾ ਨੂੰ ਮਿਲਣ ਦਾ ਜਤਨ ਕਰਦਾ ਰਹੁ। ਗੁਰੂ ਦੀ (ਦੱਸੀ) ਸੇਵਾ ਕਰਿਆ ਕਰ। ਇਸ ਤਰੀਕੇ ਨਾਲ ਸਦਾ ਹਰੀ ਦਾ ਨਾਮ ਸਿਮਰਦਾ ਰਹੁ। (ਸਿਮਰਨ ਦੀ ਬਰਕਤਿ ਨਾਲ) ਤੂੰ ਪਰਮਾਤਮਾ ਦੀ ਦਰਗਾਹ ਵਿਚ ਪਸੰਦ ਆ ਜਾਏਂਗਾ, ਮੁੜ ਜਨਮ (ਮਰਨ ਦੇ ਗੇੜ) ਵਿਚ ਨਹੀਂ ਆਵੇਂਗਾ, ਤੂੰ ਪਰਮਾਤਮਾ ਦੀ ਜੋਤਿ ਵਿਚ ਸਦਾ ਲੀਨ ਰਹੇਂਗਾ।1।

ਪਰ, ਹੇ ਭਾਈ! ਕਿਰਪਾ ਦੇ ਖ਼ਜ਼ਾਨੇ ਪਰਮਾਤਮਾ ਨੇ ਜਿਸ ਮਨੁੱਖ ਉਤੇ ਕਿਰਪਾ ਕੀਤੀ, ਗੁਰੂ ਨੇ ਉਸ ਮਨੁੱਖ ਨੂੰ ਪਰਮਾਤਮਾ ਦੀ ਭਗਤੀ ਦੀ ਦਾਤਿ ਬਖ਼ਸ਼ ਦਿੱਤੀ, ਤਦੋਂ ਉਸ ਮਨੁੱਖ ਦਾ ਪ੍ਰੇਮ ਪਰਮਾਤਮਾ ਨਾਲ ਬਣ ਗਿਆ। ਹੇ ਨਾਨਕ! ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਵਸਾ ਲਿਆ, ਉਸ ਨੇ (ਦੁਨੀਆ ਵਾਲੀ ਹੋਰ) ਬਹੁਤੀ ਚਿੰਤਾ ਭੁਲਾ ਲਈ, ਪਰਮਾਤਮਾ ਉਸ ਦਾ ਸਾਥੀ-ਮਿੱਤਰ ਬਣ ਗਿਆ।2। 2।8।

ਨੋਟ:- 'ਘਰੁ 5' ਦਾ ਇਹ ਦੂਜਾ ਸ਼ਬਦ ਹੈ। ਕੁੱਲ ਜੋੜ 8 ਹੈ।